ਹਲਕਾ ਵਿਧਾਇਕ ਹਰਮਿੰਦਰ ਸਿੰਘ ਗਿੱਲ ਅਤੇ ਡਿਪਟੀ ਕਮਿਸ਼ਨਰ ਨੇ ਝੋਨੇ ਦੀ ਖਰੀਦ ਦੇ ਪ੍ਰਬੰਧਾਂ ਦਾ ਜਾਇਜਾ ਲੈਣ ਲਈ ਕੀਤਾ ਵੱਖ-ਵੱਖ ਮੰਡੀਆਂ ਦਾ ਦੌਰਾ

ਕਿਸਾਨਾਂ ਨੂੰ ਮੰਡੀਆਂ ਵਿੱਚ ਆਪਣੀ ਫ਼ਸਲ ਵੇਚਣ ਲਈ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ- ਗਿੱਲ

ਝੋਨੇ ਦੀ ਸੁਚਾਰੂ ਖਰੀਦ ਦੇ ਲਈ ਵੱਖ-ਵੱਖ ਖਰੀਦ ਏਜੰਸੀਆਂ ਨੂੰ ਅਲਾਟ ਕੀਤੇ ਗਏ ਹਨ ਖਰੀਦ ਕੇਂਦਰ  ਡਿਪਟੀ ਕਮਿਸ਼ਨਰ

ਤਰਨਤਾਰਨ, 3 ਅਕਤੂਬਰ :

ਵਿਧਾਨ ਸਭਾ ਹਲਕਾ ਪੱਟੀ ਦੇ ਵਿਧਾਇਕ ਸ੍ਰ. ਹਰਮਿੰਦਰ ਸਿੰਘ ਗਿੱਲ ਅਤੇ ਡਿਪਟੀ ਕਮਿਸ਼ਨਰ ਸ੍ਰੀ ਪਰਦੀਪ ਕੁਮਾਰ ਸੱਭਰਵਾਲ ਨੇ ਅੱਜ ਝੋਨੇ ਦੀ ਖਰੀਦ ਦੇ ਪ੍ਰਬੰਧਾਂ ਦਾ ਜਾਇਜਾ ਲੈਣ ਦੇ ਲਈ ਦਾਣਾ ਮੰਡੀ ਢੋਟੀਆਂ, ਨੌਸ਼ਹਿਰਾ, ਸਰਹਾਲੀ, ਹਰੀਕੇ, ਸਭਰਾ, ਕੋਟ ਬੁੱਢਾ, ਤੂਤ ਭੰਗਾਲਾ, ਦੁੱਬਲੀ ਤੇ ਦਾਣਾ ਮੰਡੀ ਪੱਟੀ ਦਾ ਦੌਰਾ ਕੀਤਾ। ਇਸ ਮੌਕੇ ਐਸ.ਡੀ.ਐਮ. ਪੱਟੀ ਸ੍ਰੀ ਸੁਰਿੰਦਰ ਸਿੰਘ, ਜ਼ਿਲ੍ਹਾ ਮੰਡੀ ਅਫ਼ਸਰ ਪਾਲ ਸਿੰਘ, ਡੀ.ਐਮ. ਮਾਰਕਫੈਡ ਇੰਦਰਜੀਤ ਸਿੰਘ ਤੇ ਡੀ.ਐਮ. ਪਨਸਪ ਗੁਰਿੰਦਰ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਵੀ ਉਨ੍ਹਾਂ ਦੇ ਨਾਲ ਸਨ।



ਇਸ ਮੌਕੇ ਸ੍ਰ. ਹਰਮਿੰਦਰ ਸਿੰਘ ਗਿੱਲ ਨੇ ਦੱਸਿਆ ਕਿ ਮੁੱਖ ਮੰਤਰੀ ਪੰਜਾਬ ਕੈਪਟਨ ਅਮਰਿੰਦਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪੰਜਾਬ ਸਰਕਾਰ ਵੱਲੋਂ ਰਾਜ ਭਰ ਦੀਆਂ ਮੰਡੀਆਂ ਵਿੱਚ ਝੋਨੇ ਦੀ ਖਰੀਦ ਦੇ ਲਈ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ ਅਤੇ ਕਿਸਾਨਾਂ ਨੂੰ ਮੰਡੀਆਂ ਵਿੱਚ ਆਪਣੀ ਫ਼ਸਲ ਵੇਚਣ ਲਈ ਕੋਈ ਮੁਸ਼ਕਿਲ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਸੁੱਕਾ ਝੋਨੇ ਹੀ ਮੰਡੀਆਂ ਵਿੱਚ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਫ਼ਸਲ ਦਾ ਉਚਿੱਤ ਮੁੱਲ ਮਿਲ ਸਕੇ। ਉਨ੍ਹਾਂ ਕਿਸਾਨਾਂ ਨੂੰ ਇਹ ਵੀ ਅਪੀਲ ਕੀਤੀ ਕਿ ਉਹ ਝੋਨੇ ਦੀ ਕਟਾਈ ਤੋਂ ਉਪਰੰਤ ਖੇਤਾਂ ਵਿੱਚ ਪਰਾਲੀ ਨੂੰ ਅੱਗ ਨਾ ਲਾਉਣ।

ਇਸ ਮੌਕੇ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਸ ਸਾਲ ਜ਼ਿਲ੍ਹੇ ਦੀਆਂ ਮੰਡੀਆਂ ਵਿੱਚ ਲੱਗਭੱਗ 8 ਲੱਖ 42 ਹਜ਼ਾਰ ਮੀਟਰਿਕ ਟਨ ਝੋਨਾ ਆਉਣ ਦੀ ਸੰਭਾਵਨਾ ਹੈ। ਪਿਛਲੇ ਸਾਲ ਜ਼ਿਲ੍ਹਾ ਤਰਨਤਾਰਨ ਦੀਆਂ ਮੰਡੀਆਂ ਵਿੱਚੋਂ ਕੁੱਲ 5 ਲੱਖ 88 ਹਜ਼ਾਰ 970 ਮੀਟਰਿਕ ਟਨ ਝੋਨੇ ਦੀ ਖਰੀਦ ਕੀਤੀ ਗਈ ਸੀ। ਉਨ੍ਹਾਂ ਦੱਸਿਆ ਕਿ ਝੋਨੇ ਦੀ ਸੁਚਾਰੂ ਖਰੀਦ ਨੂੰ ਯਕੀਨੀ ਬਣਾਉਦਿਆਂ ਜ਼ਿਲ੍ਹਾ ਤਰਨਤਾਰਨ ਵਿੱਚ 56 ਖਰੀਦ ਕੇਂਦਰ ਬਣਾਏ ਗਏ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜਿਲ੍ਹਾ ਤਰਨਤਾਰਨ ਦੇ ਸਾਰੇ ਖਰੀਦ ਕੇਂਦਰਾਂ ਵਿੱਚ ਸਫਾਈ, ਪਾਣੀ, ਬਿਜਲੀ ਅਤੇ ਬਾਰਦਾਨੇ ਸਬੰਧੀ ਪੂਰੇ ਪ੍ਰਬੰਧ ਕੀਤੇ ਗਏ ਹਨ ਅਤੇ ਵੱਖ-ਵੱਖ ਖਰੀਦ ਏਜੰਸੀਆਂ ਨੂੰ ਝੋਨੇ ਦੀ ਖਰੀਦ ਵਾਸਤੇ ਖਰੀਦ ਕੇਂਦਰ ਅਲਾਟ ਕੀਤੇ ਗਏ ਹਨ। ਉਨ੍ਹਾਂ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਆਦੇਸ਼ ਦਿੱਤੇ ਕਿ ਸਰਕਾਰੀ ਖਰੀਦ ਦੇ ਮਾਪਦੰਡਾਂ ’ਤੇ ਪੂਰੇ ਉਤਰਦੇ ਝੋਨੇ ਦੀ ਤੁਰੰਤ ਖਰੀਦ ਯਕੀਨੀ ਬਣਾਉਣ। ਉਨ੍ਹਾਂ ਦੱਸਿਆ ਕਿ ਕਿਸਾਨਾਂ ਨੂੰ ਖਰੀਦ ਕੀਤੀ ਗਈ ਫ਼ਸਲ ਦੀ ਅਦਾਇਗੀ 48 ਘੰਟਿਆਂ ਵਿੱਚ ਕਰਨ ਅਤੇ ਝੋਨੇ ਦੀ ਸਮੇਂ ਸਿਰ ਲਿਫਟਿੰਗ ਕਰਨ ਲਈ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ।

ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਰਾਤ ਦੇ ਸਮੇਂ ਕੰਬਾਈਨ ਨਾਲ ਝੋਨੇ ਦੀ ਕਟਵਾਈ ਨਾ ਕਰਵਾਉਣ। ਉਨ੍ਹਾਂ ਕਿਹਾ ਕਿ ਜਿਲ੍ਹੇ ਭਰ ਵਿੱਚ ਸ਼ਾਮ 7 ਵਜੇ ਤੋਂ ਲੈ ਕੇ ਸਵੇਰੇ 9 ਵਜੇ ਤੱਕ ਕੰਬਾਈਨ ਚਲਾਉਣ ਤੇ ਪਾਬੰਦੀ ਲਗਾਈ ਗਈ ਹੈ। ਇਨ੍ਹਾਂ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖਿਲਾਫ਼ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

-------------